**ਦਫ਼ਤਰ ਡਾਇਰੈਕਟੋਰੇਟ ਆਫ਼ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਸਅਸ ਨਗਰ**

**(ਸੇਵਾਵਾਂ ਸ਼ਾਖਾ)**

**Email Id: dpiee.service@punjabeducation.gov.in**

**ਵੱਲ**

**ਸਮੂਹ ਜਿਲ੍ਹਾ ਸਿੱਖਿਆ ਅਫਸਰ (ਐਸਿ),**

**ਪੰਜਾਬ।**

**ਮੀਮੋ ਨੰ : ਸਪੈਸ਼ਲ/ਸੇਵਾਵਾਂ /2024/2184**

**ਮਿਤੀ : ਸਅਸ ਨਗਰ, 29.07.2024**

**ਵਿਸ਼ਾ :** **ਸਕੂਲਾਂ ਵਿੱਚ ਪੀਣਯੋਗ ਅਤੇ ਸਾਫ ਪਾਣੀ ਮੁਹੱਈਆ ਕਰਵਾਉਣ ਸਬੰਧੀ ਹਦਾਇਤਾਂ।**

ਉਪਰੋਕਤ ਵਿਸ਼ੇ ਸਬੰਧੀ ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਅਧੀਨ ਆਉਂਦੇ ਸਾਰੇ ਸਕੂਲਾਂ ਦੇ ਸਕੂਲ ਮੁਖੀਆਂ/ਸਕੂਲ ਮੈਨੇਜਮੈਂਟ ਕਮੇਟੀਆਂ ਨੂੰ ਹੇਠਾਂ ਦਰਸਾਏ ਅਨੁਸਾਰ ਹਦਾਇਤਾਂ ਜਾਰੀ ਕਰਦੇ ਹੋਏ ਉਹਨਾਂ ਦੀ ਜਿੰਮੇਵਾਰੀ ਫਿਕਸ ਕੀਤੀ ਜਾਵੇ ਕਿ ਉਹ ਸਕੂਲਾਂ ਵਿੱਚ ਪੀਣ ਵਾਲੇ ਪਾਣੀ ਦੀ ਸਾਫ-ਸਫਾਈ ਰੂਟੀਨ ਬੇਸਿਸ ਤੇ ਕਰਵਾਉਣ :

- ਸਕੂਲਾਂ ਵਿੱਚ ਪੀਣ ਵਾਲੇ ਪਾਣੀ ਦੀਆਂ ਟੈਂਕੀਆਂ ਨੂੰ ਢੱਕ ਕੇ ਰੱਖਿਆ ਜਾਵੇ ਅਤੇ ਇਹਨਾਂ ਦੀ ਸਫਾਈ ਅਤੇ ਕਲੋਰੀਨੇਸ਼ਨ ਸਮੇਂ-ਸਮੇਂ ਤੇ ਕਰਵਾਈ ਜਾਵੇ।
- ਪਾਈਪਾਂ ਦੀ ਡੀ-ਕੰਟਾਮਿਨੇਸ਼ਨ ਕਰਵਾਈ ਜਾਵੇ।
- ਪੀਣ ਵਾਲੇ ਪਾਣੀ ਨੂੰ ਸਾਫ ਰੱਖਣ ਲਈ ਹੋਰ *Remedial Measure* ਵਰਤੇ ਜਾਣ।
- ਪਾਣੀ ਦੀ ਸ਼ੁੱਧਤਾ ਨੂੰ ਸਮੇਂ-ਸਮੇਂ ਸਿਰ ਜਾਂਚਣ ਲਈ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਜਿਲਾ ਦਫਤਰ ਵਿਖੇ ਟੈਸਟਿੰਗ ਕਰਵਾ ਲਈ ਜਾਵੇ ਅਤੇ ਰਿਪੋਰਟ ਰਿਕਾਰਡ ਵਿੱਚ ਰੱਖੀ ਜਾਵੇ।
- ਜੇਕਰ ਸਕੂਲ ਵਿੱਚ *RO* ਹੈ ਤਾਂ ਉਸ ਦੀ ਨਿਸ਼ਚਿਤ ਸਮੇਂ ਦੇ ਅੰਦਰ-ਅੰਦਰ *service* ਕਰਵਾਈ ਜਾਵੇ।

ਆਪ ਨੂੰ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਅਧੀਨ ਆਉਂਦੇ ਸਕੂਲਾਂ ਦੀ Random Checking ਕੀਤੀ ਜਾਵੇ ਅਤੇ ਜਿੱਥੇ ਉਕਤ ਹਦਾਇਤਾਂ ਦੀ ਪਾਲਣਾ ਨਹੀਂ ਕੀਤੀ ਜਾਂਦੀ, ਉਨ੍ਹਾਂ ਸਕੂਲ ਮੁਖੀਆਂ ਦੀ ਜਿੰਮੇਵਾਰੀ ਫਿਕਸ ਕਰਦੇ ਹੋਏ ਕਾਰਵਾਈ ਆਰੰਭੀ ਜਾਵੇ।

**ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਅਧੀਨ ਆਉਂਦੇ ਸਾਰੇ ਸਕੂਲਾਂ ਵਿੱਚ ਸੁਰੱਖਿਅਤ ਅਤੇ ਸਾਫ ਪੀਣ ਵਾਲੇ ਪਾਣੀ ਦੀ ਵਿਵਸਥਾ ਨੂੰ ਯਕੀਨੀ ਬਣਾਉਣ ਲਈ ਅਤੇ ਉਕਤ ਹਦਾਇਤਾਂ ਦੀ ਪਾਲਣਾ ਸਬੰਧੀ Action taken report (ATR)** ਲਈ ਗੂਗਲ ਲਿੰਕ ਫਾਰਮ https://forms.gle/N6U9XDGtwNAGHThu7 ਸਮੂਹ ਸਕੂਲ ਮੁੱਖੀਆਂ ਤੋਂ ਭਰਵਾਉਣਾ ਯਕੀਨੀ ਬਣਾਇਆ ਜਾਵੇ

**ਆਪ ਵੱਲੋਂ ਉਕਤ ਜਾਰੀ ਹਦਾਇਤਾਂ ਦੀ ਪਾਲਣਾ ਸਬੰਧੀ ਇੱਕ ਸਰਟੀਫਿਕੇਟ ਨਾਲ ਨੱਥੀ ਫਾਰਮੇਟ ਅਨੁਸਾਰ** ਮਿਤੀ **02**.08.2024 ਤੱਕ ਮੁਖ ਦਫਤਰ ਨੂੰ **ਭੇਜਿਆ** ਜਾਵੇ**।**

ਆਪ ਵੱਲੋਂ ਪਿੰਡਾਂ ਦੀ ਪੰਚਾਇਤ ਅਤੇ ਜਿਲੇ ਦੇ ਸਿਹਤ ਵਿਭਾਗ ਦਫਤਰ/ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦਫਤਰ ਨਾਲ ਰਾਬਤਾ ਕਰਦੇ ਹੋਏ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਪੀਣਯੋਗ ਪਾਣੀ ਮੁਹੱਈਆ ਕਰਵਾਉਣ ਦੀ ਮੁਹਿੰਮ ਨੂੰ ਜੰਗੀ ਪੱਧਰ ਤੇ ਚਲਾਇਆ ਜਾਵੇ।

**ਡਾਇਰੈਕਟਰ ਸਕੂਲ ਐਜੂਕੇਸ਼ਨ**
**(ਐਲੀਮੈਂਟਰੀ), ਪੰਜਾਬ**

**ਪਿੰਠ ਅੰਕਣ ਨੰ. : ਉਕਤ/2185-2189** **ਮਿਤੀ : 29.07.2024**

**ਉਤਾਰਾ ਨਿਮਨਲਿਖਤ ਨੂੰ ਸੂਚਨਾ ਤੇ ਅਗਲੇਰੀ ਕਾਰਵਾਈ ਕਰਨ ਹਿੱਤ ਭੇਜਿਆ ਜਾਂਦਾ ਹੈ ਜੀ :-**

1. ਨਿੱਜੀ ਸਹਾਇਕ/ਮਾਨਯੋਗ ਸਕੱਤਰ, ਸਕੂਲ ਸਿੱਖਿਆ, ਪੰਜਾਬ।
2. ਨਿੱਜੀ ਸਹਾਇਕ/ ਮਾਨਯੋਗ ਡਾਇਰੈਕਟਰ, ਜਨਰਲ, ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਹਾਇਕ/ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈ.ਸਿ.), ਪੰਜਾਬ।
4. ਨਿੱਜੀ ਸਹਾਇਕ/ ਡਾਇਰੈਕਟਰ, ਐਸ.ਸੀ.ਈ.ਆਰ.ਟੀ., ਪੰਜਾਬ।
5. ਡੀ.ਐਮ./ਐਮ.ਆਈ.ਐਸ. ਵਿੰਗ, ਦ. ਡੀ.ਜੀ.ਐਸ.ਈ., ਪੰਜਾਬ ਨੂੰ ਵੈਬਸਾਈਟ ਤੇ ਅਪਲੋਡ ਕਰਨ ਹਿੱਤ।

**ਡਾਇਰੈਕਟਰ ਸਕੂਲ ਐਜੂਕੇਸ਼ਨ**
**(ਐਲੀਮੈਂਟਰੀ), ਪੰਜਾਬ**